ਆਕਾਸ਼ਵਾਣੀ ਜਲੰਧਰ

ਪ੍ਰਦੇਸ਼ਿਕ ਖਬਰਾਂ ਪੰਜਾਬੀ

18:20 Pm

ਮਿਤੀ: 12-11-2024

- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਜੰਗ ਅਤੇ ਸੁਰੱਖਿਆ ਖਤਰਿਆਂ ਦੀ ਮੌਜੂਦਾ ਸਥਿਤੀ ਨਾਲ ਨਜਿਠਣ ਲਈ ਅਨੁਕੂਲ ਰੱਖਿਆ ਰਣਨੀਤੀਆਂ ਦੀ ਅਹਿਮੀਅਤ 'ਤੇ ਦਿੱਤਾ ਜ਼ੋਰ।
- ਸਿਖਿਆ ਮੰਤਰੀ ਧਰਮੇਂਦਰ ਪ੍ਰਧਾਨ ਨੇ ਕਿਹਾ ਏ ਕਿ 2047 ਤਕ ਵਿਕਸਿਤ ਰਾਸ਼ਟਰ ਬਣਨ ਦੇ ਸੁਪਨੇ ਨੂੰ ਹਕੀਕਤ 'ਚ ਬਦਲਣ ਲਈ ਸਿਖਿਆ ਹੀ ਇੱਕੋ ਇੱਕ ਰਾਹ ਏ.
- ਪੰਜਾਬ ਦੇ ਰਾਜਪਾਲ ਨੇ ਕਿਹਾ ਕਿ ਜਲਵਾਯੂ ਤਬਦੀਲੀ, ਭੋਜਨ ਸੁਰਖਿਆ ਅਤੇ ਖੇਤੀ-ਨਿਰੰਤਰਤਾ 21 ਸਦੀ ਦੀਆਂ ਗੰਭੀਰ ਚੁਣੌਤੀਆਂ ਨੇ.
- ਅੱਜ ਲੋਕ ਸੇਵਾ ਪ੍ਰਸਾਰਣ ਦਿਵਸ ਮਨਾਇਆ ਜਾ ਰਿਹਾ ਏ।

---

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਅੱਜ, ਜੰਗ ਅਤੇ ਸੁਰੱਖਿਆ ਖਤਰਿਆਂ ਦੀ ਉੱਭਰ ਰਹੀ ਸਥਿਤੀ ਨਾਲ ਪ੍ਰਭਾਵਸ਼ਾਲੀ ਢੰਗ ਨਾਲ ਨਜਿਠਣ ਲਈ ਅਨੁਕੂਲ ਰੱਖਿਆ ਰਣਨੀਤੀਆਂ ਦੀ ਅਹਿਮੀਅਤ 'ਤੇ ਜ਼ੋਰ ਦਿੱਤਾ ਏ। ਨਵੀਂ ਦਿੱਲੀ ਵਿੱਚ ਦਿੱਲੀ ਰੱਖਿਆ ਸੰਵਾਦ ਦੇ ਉਦਘਾਟਨੀ ਸਮਾਰੋਹ ਵਿੱਚ ਬੋਲਦਿਆਂ, ਮੰਤਰੀ ਨੇ ਕਿਹਾ ਕਿ ਅਨੁਕੂਲ ਰੱਖਿਆ ਇੱਕ ਰਣਨੀਤਕ ਵਿਕਲਪ ਨਹੀਂ ਸਗੋਂ ਇੱਕ ਜ਼ਰੂਰਤ ਏ। ਓਹਨਾਂ ਕਿਹਾ ਕਿ ਦੇਸ਼ ਦੇ ਅਨੁਕੂਲ ਸੁਰਖਿਆ ਦੇ ਦ੍ਰਿਸ਼ਟੀਕੋਣ ਦੀ ਜੜ੍ਹ ਲਚਕੀਲੇਪਨ, ਅਤੇ ਨਵੀਆਂ ਕਾਢਾਂ ਵਿੱਚ ਹੋਣੀ ਚਾਹੀਦੀ ਏ, ਜਿਸ ਨਾਲ ਰਾਸ਼ਟਰ ਨੂੰ ਭਵਿੱਖ ਦੇ ਸੰਕਟਾਂ ਦਾ ਸਾਹਮਣਾ ਕਰਨ ਲਈ ਤਿਆਰ ਕੀਤਾ ਜਾ ਸਕਦਾ ਏ। ਉਨ੍ਹਾਂ ਕਿਹਾ ਕਿ ਸਰਕਾਰ, ਰਾਸ਼ਟਰੀ ਸੁਰੱਖਿਆ ਵਿਰੁੱਧ ਸੂਚਨਾ ਯੁੱਧ ਦੇ ਖਤਰੇ ਦਾ ਮੁਕਾਬਲਾ ਕਰਨ ਲਈ ਅਨੁਕੂਲ ਰੱਖਿਆ ਰਣਨੀਤੀਆਂ ਨੂੰ ਲਾਗੂ ਕਰਨ ਲਈ ਦ੍ਰਿੜ ਸੰਕਲਪ ਏ। ਸ੍ਰੀ ਸਿੰਘ ਨੇ ਕਿਹਾ ਕਿ, ਦੇਸ਼, ਦਹਿਸ਼ਤਗਰਦੀ, ਸਾਈਬਰ-ਹਮਲਿਆਂ ਅਤੇ ਹਾਈਬ੍ਰਿਡ ਜੰਗ ਵਰਗੀਆਂ ਵੱਖ-ਵੱਖ ਸੁਰੱਖਿਆ

ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਏ। ਇੱਕ ਮਜ਼ਬੂਤ ਅਤੇ ਸਵੈ-ਨਿਰਭਰ ਰੱਖਿਆ ਈਕੋਸਿਸਟਮ ਬਣਾਉਣ ਲਈ ਸਰਕਾਰ ਵੱਲੋਂ ਕੀਤੀਆਂ ਪਹਿਲਕਦਮੀਆਂ 'ਤੇ ਚਾਨਣਾ ਪਾਉਂਦਿਆਂ, ਮੰਤਰੀ ਨੇ ਕਿਹਾ ਕਿ, ਸਰਕਾਰ ਨੇ ਸਮਕਾਲੀ ਖਤਰਿਆਂ ਨਾਲ ਨਜਿੱਠਣ ਲਈ ਮਜ਼ਬੂਤ ਕਦਮ ਚੁੱਕੇ ਨੇ. ਉਨ੍ਹਾਂ ਕਿਹਾ ਕਿ, ਸਰਕਾਰ ਵਿਦੇਸ਼ੀ ਸਪਲਾਇਰਾਂ 'ਤੇ ਨਿਰਭਰਤਾ ਨੂੰ ਘਟਾਉਣ ਦੇ ਉਦੇਸ਼ ਨਾਲ ਸਵਦੇਸ਼ੀ ਸਮਰੱਥਾਵਾਂ ਨੂੰ ਵਿਕਸਤ ਕਰਨ 'ਤੇ ਧਿਆਨ ਕੇਂਦਰਤ ਕਰ ਰਹੀ ਏ। ਓਹਨਾਂ ਇੱਕ ਰੱਖਿਆ ਬਰਾਮਦਕਾਰ ਦੇ ਰੂਪ ਵਿੱਚ ਦੇਸ਼ ਦੀ ਵਧ ਰਹੀ ਭੂਮਿਕਾ 'ਤੇ ਚਾਨਣਾ ਪਾਇਆ ਕਿ ਸਾਡੀਆਂ ਬਰਾਮਦਾਂ 100 ਤੋਂ ਵੱਧ ਦੇਸ਼ਾਂ ਤੱਕ ਪਹੁੰਚ ਰਹੀਆਂ ਨੇ. ਸ੍ਰੀ ਸਿੰਘ ਨੇ ਆਸ ਪ੍ਰਗਟਾਈ ਕਿ 2029-30 ਤੱਕ ਰੱਖਿਆ ਬਰਾਮਦ ਵਿੱਚ 50 ਹਜ਼ਾਰ ਕਰੋੜ ਰੁਪਏ ਦੇ ਟੀਚੇ ਨੂ ਪੂਰਾ ਕਰ ਲਿਆ ਜਾਏਗਾ.

---------------------------------------------------------------------------

ਕੇਂਦਰੀ ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰੀ, ਹਰਦੀਪ ਸਿੰਘ ਪੁਰੀ ਨੇ ਕਿਹਾ ਏ ਕਿ ਜੈਵ-ਇੰਧਣ ਮਿਸ਼ਰਣ ਭਾਰਤ ਨੂੰ ਬਰਾਮਦ ਖਰਚਿਆਂ 'ਤੇ 91 ਹਜ਼ਾਰ ਕਰੋੜ ਰੁਪਏ ਦੀ ਬਚਤ ਕਰ ਸਕਦਾ ਏ ਤੇ ਇਹਨਾਂ ਬੱਚਤਾਂ ਨਾਲ ਖੇਤੀਬਾੜੀ ਸੈਕਟਰ ਨੂੰ ਫਾਇਦਾ ਹੋਵੇਗਾ। ਬੈਂਗਲੁਰੂ ਵਿੱਚ 27ਵੇਂ ਊਰਜਾ ਤਕਨਾਲਜੀ ਸਿਖਰ ਸੰਮੇਲਨ ਦਾ ਉਦਘਾਟਨ ਕਰਦੇ ਹੋਏ, ਓਹਨਾਂ ਕਿਹਾ ਕਿ ਭਾਰਤ ਜੈਵ-ਇੰਧਣ ਮਿਸ਼ਰਣ ਵਿੱਚ ਵਿਸ਼ਵ ਪੱਧਰ 'ਤੇ ਦੂਜੇ ਨੰਬਰ 'ਤੇ ਏ ਅਤੇ ਅਗਲੇ ਸਾਲ ਤੱਕ 20 ਫੀਸਦੀ ਜੈਵ- ਇੰਧਣ ਮਿਸ਼ਰਣ ਦੇ ਟੀਚੇ ਨੂੰ ਤੈਅ ਸਮੇਂ ਤੋਂ ਪਹਿਲਾਂ ਪ੍ਰਾਪਤ ਕਰਨ ਦੇ ਰਾਹ 'ਤੇ ਏ। ਮੰਤਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਭਾਰਤੀ ਤੇਲ ਸੋਧ ਕਾਰਖਾਨੇ, ਚੁਗਿਰਦੇ ਪਖੀ ਊਰਜਾ ਵੱਲ ਤਬਦੀਲ ਹੋ ਰਹੇ ਨੇ ਤੇ, ਦੇਸ਼ ਆਪਣੇ ਗ੍ਰੀਨ ਹਾਈਡ੍ਰੋਜਨ ਟੀਚਿਆਂ ਵੱਲ ਅੱਗੇ ਵਧ ਰਿਹਾ ਏ। ਓਹਨਾਂ ਇਸ ਗੱਲ 'ਤੇ ਚਾਨਣਾ ਪਾਇਆ ਕਿ ਭਾਰਤ ਦੀ ਊਰਜਾ ਦੀ ਮੰਗ 2047 ਤੱਕ ਢਾਈ ਗੁਣਾ ਵਧਣ ਦੀ ਉਮੀਦ ਏ. ਓਹਨਾਂ ਇਹ ਵੀ ਕਿਹਾ 2070 ਦੇ ਸ਼ੁੱਧ-ਜ਼ੀਰੋ ਨਿਕਾਸੀ ਟੀਚੇ ਨੂੰ ਪ੍ਰਾਪਤ ਕਰਨ ਲਈ, ਊਰਜਾ ਸੁਰੱਖਿਆ, ਸਥਿਰਤਾ, ਅਤੇ ਤਕਨੀਕੀ ਨਵੀਨਤਾ ਵਿੱਚ ਦੁੱਗਣੇ ਯਤਨਾਂ ਦੀ ਲੋੜ ਹੋਵੇਗੀ। ਮੰਤਰੀ ਨੇ ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰਾਲੇ ਦੇ 2023-24 ਦੇ ਸਰਬੋਤਮ ਊਰਜਾ-ਕੁਸ਼ਲ ਤਕਨਾਲੋਜੀ ਅਵਾਰਡਾਂ ਨਾਲ ਵੀ ਸਨਮਾਨਿ ਕੀਤਾ।

---------------------------------------------------------------------------

ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੇ ਅੱਜ ਕਿਹਾ ਏ ਕਿ 2047 ਤੱਕ ਵਿਕਸਿਤ ਰਾਸ਼ਟਰ ਬਣਨ ਦੇ ਸੁਪਨੇ ਨੂੰ ਹਕੀਕਤ'ਚ ਬਦਲਣ ਲਈ ਸਿੱਖਿਆ ਹੀ ਇੱਕੋ ਇੱਕ ਰਾਹ ਏ . ਨਵੀਂ ਦਿੱਲੀ ਵਿੱਚ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਸਕੱਤਰਾਂ ਨਾਲ ਉੱਚ ਅਤੇ ਤਕਨੀਕੀ ਸਿੱਖਿਆ ਬਾਰੇ ਰਾਸ਼ਟਰੀ ਵਰਕਸ਼ਾਪ ਨੂੰ ਸੰਬੋਧਨ ਕਰਦਿਆਂ ਮੰਤਰੀ ਨੇ ਸਿੱਖਿਆ ਖੇਤਰ ਦੇ ਪੰਜ ਮੁੱਖ ਪਹਿਲੂਆਂ, ਬੁਨਿਆਦੀ ਢਾਂਚੇ, ਲੀਡਰਸ਼ਿਪ, ਪਾਠਕ੍ਰਮ, ਬਹੁ-ਅਨੁਸ਼ਾਸਨੀ ਖੋਜ, ਅਤੇ ਜੀਵੰਤ ਕੈਂਪਸ ਜੀਵਨ 'ਚ ਸੁਧਾਰ 'ਤੇ ਜ਼ੋਰ ਦਿੱਤਾ। ਸ੍ਰੀ ਪ੍ਰਧਾਨ ਨੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਨੁਮਾਇੰਦਿਆਂ ਨੂੰ ਆਪਣੇ ਰਾਜਾਂ ਵਿੱਚ ਰਾਸ਼ਟਰੀ ਸਿੱਖਿਆ ਨੀਤੀ 2020 ਨੂੰ ਲਾਗੂ ਕਰਨ ਲਈ ਲੋੜੀਂਦੇ ਕਦਮ ਚੁੱਕਣ ਦੀ ਅਪੀਲ ਕੀਤੀ ਅਤੇ ਹਰੇਕ ਰਾਜ ਦੀਆਂ ਵਿਸ਼ੇਸ਼ ਲੋੜਾਂ ਦੇ ਅਧਾਰ 'ਤੇ ਪਾਠਕ੍ਰਮ ਬਣਾਉਣ ਦਾ ਸੁਝਾਅ ਦਿੱਤਾ । ਸਿੱਖਿਆ ਮੰਤਰੀ ਨੇ ਅੱਗੇ ਕਿਹਾ ਕਿ ਖੇਡਾਂ, ਵਾਦ-ਵਿਵਾਦ, ਕਵਿਤਾ, ਡਰਾਮਾ ਅਤੇ ਗੇਮਿੰਗ ਵਰਗੇ ਵਿਸ਼ਿਆਂ ਨੂੰ ਪਹਿਲਾਂ ਸਿਰਫ਼ ਸਹਿ-ਪਾਠਕ੍ਰਮ ਗਤੀਵਿਧੀਆਂ ਵਜੋਂ ਮੰਨਿਆ ਜਾਂਦਾ ਸੀ, ਪਰ NCP ਤਹਿਤ ਇਹ ਪੇਸ਼ੇਵਰ ਕੋਰਸ ਬਣ ਰਹੇ ਨੇ. BYTE- ਸ੍ਰੀ ਪ੍ਰਧਾਨ ਨੇ ਮਾਤ ਭਾਸ਼ਾ ਵਿੱਚ ਸਿੱਖਿਆ ਦੀ ਅਹਿਮੀਅਤ ਬਾਰੇ ਵੀ ਚਾਨਣਾ ਪਾਇਆ। ਰਾਸ਼ਟਰੀ ਕ੍ਰੈਡਿਟ ਪ੍ਰਣਾਲੀ ਅਤੇ ENTRANCE -ਅਧਾਰਤ ਦਾਖਲੇ, ਅਨੁਸੰਧਾਨ ਰਾਸ਼ਟਰੀ ਖੋਜ ਫਾਊਂਡੇਸ਼ਨ ਵਰਗੇ ਪਰਿਵਰਤਨਸ਼ੀਲ ਵਿਦਿਅਕ ਸੁਧਾਰਾਂ ਦਾ ਜ਼ਿਕਰ ਕਰਦੇ ਹੋਏ, ਕੇਂਦਰੀ ਮੰਤਰੀ ਨੇ ਰਾਜ ਪ੍ਰਸ਼ਾਸਨ ਤੋਂ ਸਹਿਯੋਗ ਦੀ ਅਪੀਲ ਕੀਤੀ।

--------------------------------------------------------------------------------

ਜਲੰਧਰ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੰਡੀਆਂ ਵਿੱਚ ਝੋਨੇ ਦੀ ਲਿਫਟਿੰਗ ਵਿੱਚ ਤੇਜ਼ੀ ਲਿਆਂਦੀ ਜਾ ਰਹੀ ਐ ਜਿਸ ਤਹਿਤ ਅੱਜ ਇੱਕ ਦਿਨ ਵਿੱਚ ਹੀ ਰਿਕਾਰਡ 35 ਹਜ਼ਾਰ 78 ਮੀਟਰਕ ਟਨ ਲਿਫ਼ਟਿੰਗ ਕਰਵਾਈ ਗਈ ਐ । ਉਨ੍ਹਾਂ ਦੱਸਿਆ ਕਿ ਪਿਛਲੇ ਸਾਲ ਨਾਲੋਂ ਇਕ ਦਿਨ ਵਿਚ ਹੀ ਇਹ ਰਿਕਾਰਡ ਲਿਫਟਿੰਗ ਐ। ਉਨ੍ਹਾਂ ਦੱਸਿਆ ਕਿ ਖ਼ਰੀਦ ਏਜੰਸੀਆਂ ਵੱਲੋਂ ਹੁਣ ਤੱਕ 4 ਲੱਖ 95 ਹਜ਼ਾਰ 235 ਮੀਟਰਕ ਟਨ ਫ਼ਸਲ ਦੀ ਲਿਫ਼ਟਿੰਗ ਕੀਤੀ ਜਾ ਚੁੱਕੀ ਐ । ਉਨ੍ਹਾਂ ਦੱਸਿਆ ਕਿ ਹੁਣ ਤੱਕ ਮੰਡੀਆਂ ਵਿੱਚ ਆਏ 8 ਲੱਖ 77 ਹਜ਼ਾਰ 838 ਮੀਟਰਕ ਟਨ ਝੋਨੇ ਵਿੱਚੋਂ ਖ਼ਰੀਦ ਏਜੰਸੀਆਂ ਵੱਲੋਂ 8 ਲੱਖ 72 ਹਜ਼€ਰ 308 ਮੀਟਰਕ ਟਨ ਫ਼ਸਲ ਦੀ ਖਰੀਦ ਕੀਤੀ ਜਾ ਚੁੱਕੀ ਐ।

---------------------------------------------------------------------------

ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਵਿਖੇ "ਜਲਵਾਯੂ ਪਰਿਵਰਤਨ ਅਤੇ ਊਰਜਾ ਤਬਦੀਲੀ ਦੇ ਸੰਦਰਭ ਵਿਚ ਖੇਤੀ-ਭੋਜਨ ਪ੍ਰਣਾਲੀਆਂ ਨੂੰ ਬਦਲਣ" ਬਾਰੇ ਵਿਸ਼ੇ ਤੇ ਚਾਰ ਰੋਜ਼ਾ ਅੰਤਰਰਾਸ਼ਟਰੀ ਕਾਨਫਰੰਸ ਸ਼ੁਰੂ ਹੋਈ। ਇੰਡੀਅਨ ਇਕਾਲੋਜੀਕਲ ਸੋਸਾਇਟੀ ਦੇ ਸਹਿਯੋਗ ਨਾਲ ਕਰਵਾਈ ਜਾ ਰਹੀ ਇਸ ਕਾਨਫਰੰਸ ਦੇ ਉਦਘਾਟਨੀ ਸਮਾਰੋਹ ਵਿਚ ਪੰਜਾਬ ਦੇ ਗਵਰਨਰ ਗੁਲਾਬ ਚੰਦ ਕਟਾਰੀਆ, ਮੁੱਖ ਮਹਿਮਾਨ ਵਜੋਂ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਿਲ ਹੋਏ। ਜਲਵਾਯੂ ਪਰਿਵਰਤਨ, ਭੋਜਨ ਸੁਰੱਖਿਆ ਅਤੇ ਖੇਤੀ ਨਿਰੰਤਰਤਾ ਨੂੰ ਇੱਕੀਵੀਂ ਸਦੀ ਦੀਆਂ ਗੰਭੀਰ ਚੁਣੌਤੀਆਂ ਮੰਨਦਿਆਂ ਰਾਜਪਾਲ ਕਟਾਰੀਆ ਨੇ ਕਿਹਾ ਕਿ ਇਨ੍ਹਾਂ ਸਮੱਸਿਆਵਾਂ ਨਾਲ ਸਿਰਫ਼ ਸਾਡਾ ਦੇਸ਼ ਹੀ ਨਹੀਂ ਬਲਕਿ ਪੂਰਾ ਵਿਸ਼ਵ ਜੂਝ ਰਿਹਾ ਐ। ਉਨ੍ਹਾਂ ਕਿਹਾ ਕਿ ਕੁਦਰਤ ਨੇ ਸਾਨੂੰ ਅਣਗਿਣਤ ਨਿਆਮਤਾ ਦਿੱਤੀਆਂ ਨੇ ਪਰ ਅਸੀਂ ਇਨ੍ਹਾਂ ਨੂੰ ਸੰਭਾਲਣ ਦੀ ਬਜਾਏ ਆਪਣੇ ਕੁਦਰਤੀ ਸੋਮਿਆਂ ਦਾ ਘਾਣ ਕਰ ਰਹੇ ਹਾਂ। ਅੱਜ ਸਾਡੀ ਮਿੱਟੀ , ਪੌਣ-ਪਾਣੀ ਅਤੇ ਵਾਤਾਵਰਣ ਗੰਧਲਾ ਹੋ ਰਿਹਾ ਐ , ਜੋ ਸਮੁੱਚੀ ਮਨੁੱਖਤਾ ਲਈ ਖਤਰੇ ਦੀ ਘੰਟੀ ਐ , ਜਿਸ ਲਈ ਸਾਨੂੰ ਸਾਰਿਆਂ ਨੂੰ ਆਤਮ ਪੜਚੋਲ ਕਰਨ ਦੀ ਲੋੜ ਐ। ਉਦਯੋਗਾਂ ਅਤੇ ਖੇਤਾਂ ਦੀ ਰਹਿੰਦ-ਖੂੰਹਦ ਦੀ ਸੁਚੱਜੀ ਸਾਂਭ-ਸੰਭਾਲ ਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ ਕਿ ਕੁਦਰਤੀ ਸੋਮਿਆਂ ਦੀ ਸਾਂਭ-ਸੰਭਾਲ ਲਈ ਸਾਨੂੰ ਲੰਮੇ ਸਮੇਂ ਤੱਕ ਚੱਲਣ ਵਾਲੇ ਖਾਕੇ ਤਿਆਰ ਕਰਨੇ ਪੈਣਗੇ। ਇਸ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਵਰਗੀ ਉਪਜਾਊ ਧਰਤੀ ਅਤੇ ਕਿਸਾਨਾਂ ਦੀ ਮਿਹਨਤ ਸਮੁੱਚੇ ਵਿਸ਼ਵ ਲਈ ਆਪਣੇ ਆਪ ਵਿਚ ਇੱਕ ਮਿਸਾਲ ਐ , ਜਿਸ ਸਦਕਾ ਦੇਸ਼ ਦੇ ਅੰਨ ਭੰਡਾਰ ਵਿਚ 181 ਲੱਖ ਮੀਟਰਕ ਟਨ ਚੌਲ ਅਤੇ 120 ਲੱਖ ਮੀਟਰਕ ਟਨ ਕਣਕ ਦਾ ਯੋਗਦਾਨ ਪਾਉਣ ਵਾਲਾ ਪੰਜਾਬ ਸਮੁੱਚੇ ਦੇਸ਼ ਨੂੰ ਭੋਜਨ ਸੁਰੱਖਿਆ ਪ੍ਰਦਾਨ ਕਰ ਰਿਹਾ ਐ। ਉਨ੍ਹਾਂ ਕਿਹਾ ਕਿ ਸਾਨੂੰ ਆਪਣੇ ਪੌਣ-ਪਾਣੀ ਅਤੇ ਚੌਗਿਰਦੇ ਨੂੰ ਸੰਭਾਲ ਕੇ ਰੱਖਣ ਦੀ ਲੋੜ ਐ। ਕੀਟ-ਨਾਸ਼ਕ ਜ਼ਹਿਰਾਂ ਦੀ ਅੰਨੇਵਾਹ ਵਰਤੋਂ ਕਰਨ ਤੋਂ ਗੁਰੇਜ਼ ਕਰਨ ਦੀ ਅਪੀਲ ਕਰਦਿਆਂ ਉਹਨਾਂ ਦੱਸਿਆ ਕਿ ਪੀ.ਏ.ਯੂ. ਮਾਹਿਰਾਂ ਦੀ ਮਦਦ ਨਾਲ ਪੰਜਾਬ ਸਰਕਾਰ ਵੱਲੋਂ ਅੱਠ ਕੀਟਨਾਸ਼ਕਾਂ ਤੇ ਪਾਬੰਦੀ ਲਗਾਈ ਗਈ।

ਇਸ ਕਾਨਫਰੰਸ ਵਿਚ ਦੇਸ਼-ਪ੍ਰਦੇਸ਼ ਤੋਂ ਆਏ ਵਿਗਿਆਨੀਆਂ ਅਤੇ ਪਤਵੰਤਿਆਂ ਨੇ ਸ਼ਿਰਕਤ ਕੀਤੀ।ਬਾਅਦ ਵਿਚ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਵੱਲੋਂ ਸਤ ਪਾਲ ਮਿੱਤਲ ਸਕੂਲ ਵਿਚ ਸਤ ਪਾਲ ਮਿੱਤਲ ਰਾਸ਼ਟਰੀ ਪੁਰਸਕਾਰ- 2024 ਪ੍ਰਦਾਨ ਕੀਤੇ ਗਏ ।

---------------------------------------------------------------------------

ਉਪ-ਰਾਸ਼ਟਰਪਤੀ ਸ੍ਰੀ ਜਗਦੀਪ ਧਨਖੜ ਨੂੰ ਲੁਧਿਆਣਾ ਲੈ ਕੇ ਜਾਣ ਵਾਲਾ ਜਹਾਜ਼ ਅੱਜ ਹਲਵਾਰਾ ਏਅਰਫੋਰਸ ਸਟੇਸ਼ਨ 'ਤੇ ਖਰਾਬ ਦਿੱਖਤਾ ਕਾਰਨ ਨਹੀਂ ਉਤਰ ਸਕਿਆ। ਉਪ-ਰਾਸ਼ਟਰਪਤੀ ਨੇ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਵਿੱਚ ਇੱਕ ਅੰਤਰਰਾਸ਼ਟਰੀ ਕਾਨਫਰੰਸ ਦੇ ਉਦਘਾਟਨੀ ਸਮਾਗਮ ਨੂੰ ਸੰਬੋਧਨ ਕਰਨਾ ਸੀ। ਜਹਾਜ਼ ਬਾਅਦ ਵਿਚ ਅੰਮ੍ਰਿਤਸਰ ਹਵਾਈ ਅੱਡੇ 'ਤੇ ਉਤਰਿਆ ਜਿੱਥੋਂ ਉਪ ਰਾਸ਼ਟਰਪਤੀ ਇਕ ਹੋਰ ਪ੍ਰੋਗਰਾਮ ਵਿਚ ਸ਼ਾਮਲ ਹੋਣ ਲਈ ਮੱਧ ਪ੍ਰਦੇਸ਼ ਦੇ ਉਜੈਨ ਲਈ ਰਵਾਨਾ ਹੋਏ।

---------------------------------------------------------------------------

ਨਸ਼ੀਲੇ ਪਦਾਰਥਾਂ ਦੀ ਰੋਕਥਾਮ , ਬੱਚਿਆਂ ਵਿੱਚ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਅਤੇ ਨਾਜਾਇਜ਼ ਤਸਕਰੀ ਨੂੰ ਰੋਕਣ ਲਈ ਰਾਸ਼ਟਰੀ ਬਾਲ ਅਧਿਕਾਰ ਰੱਖਿਆ ਕਮਿਸ਼ਨ, ਨਵੀਂ ਦਿੱਲੀ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਬਣਾਏ ਜੁਆਇੰਟ ਐਕਸ਼ਨ ਪਲਾਨ ਨੂੰ ਜ਼ਿਲਾ ਮਾਲੇਰਕੋਟਲਾ ਵਿੱਚ ਇੰਨ ਬਿੰਨ ਲਾਗੂ ਕਰਵਾਉਣ ਲਈ ਵਧੀਕ ਡਿਪਟੀ ਕਮਿਸ਼ਨਰ ਸੁਖਪ੍ਰੀਤ ਸਿੰਘ ਸਿੱਧੂ ਵੱਲੋਂ ਵੱਖ-ਵੱਖ ਵਿਭਾਗਾਂ ਨਾਲ ਮੀਟਿੰਗ ਕੀਤੀ ਗਈ । ਮੀਟਿੰਗ ਦੌਰਾਨ ਡੀ.ਐਸ.ਪੀ. ਕੁਲਦੀਪ ਸਿੰਘ , ਜ਼ਿਲ੍ਹਾ ਮੈਡੀਕਲ ਅਫ਼ਸਰ ਡਾ ਰਸ਼ਮੀ ਭੌਰਾ , ਏ.ਸੀ.ਈ. ਦਲਜੀਤ ਸਿੰਘ , ਸਿੱਖਿਆ ਵਿਭਾਗ ਤੋਂ ਸਾਜ਼ਦ ਅਲੀ, ਡਰੱਗ ਇੰਸਪੈਕਟਰ ਨਵਪ੍ਰੀਤ ਸਿੰਘ ਤੇ ਹੋਰ ਵਿਭਾਗਾਂ ਦੇ ਅਧਿਕਾਰੀ ਮੌਜੂਦ ਰਹੇ । ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਾਡੀ ਸਾਰਿਆਂ ਦੀ ਜਿੰਮੇਵਾਰੀ ਬਣਦੀ ਹੈ ਕਿ ਬੱਚਿਆਂ ਵਿੱਚ ਨਸ਼ਿਆਂ ਦੀ ਵਰਤੋਂ ਨੂੰ ਰੋਕਣ ਲਈ ਠੋਸ ਕਦਮ ਚੁੱਕੀਏ । ਉਨ੍ਹਾਂ ਸਬੰਧਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜ਼ਿਲ੍ਹੇ ਦੇ ਸਮੁੱਚੇ ਸਕੂਲਾਂ ਦੇ ਨੇੜੇ ਤੰਬਾਕੂ , ਸਿਗਰਟ ਅਤੇ ਹੋਰ ਕਿਸੇ ਵੀ ਕਿਸਮ ਦੇ ਨਸ਼ੇ ਦੀ ਵਿਕਰੀ ਨਹੀਂ ਹੋਣੀ ਚਾਹੀਦੀ, ਜੇਕਰ ਕੀਤੇ ਕੋਈ ਦੁਕਾਨਦਾਰ ਨਾਬਾਲਗਾਂ ਨੂੰ ਤੰਬਾਕੂ , ਸਿਗਰਟ , ਸ਼ਰਾਬ ਆਦਿ ਵੇਚਦਾ ਜਾਂ ਸਪਲਾਈ ਕਰਦਾ ਪਾਇਆ ਜਾਂਦਾ ਐ ਤਾਂ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ ।

---

ਸ੍ਰੀ ਮੁਕਤਸਰ ਸਾਹਿਬ ਦੇ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ ਰਾਜ ਕੁਮਾਰ ਦੀ ਅਗਵਾਈ ਹੇਠ ਅੱਜ ਸੀ.ਜੀ.ਐੱਮ/ਸਕੱਤਰ ਡਾ. ਗਗਨਦੀਪ ਕੋਰ ਵੱਲੋ ਜ਼ਿਲ੍ਹਾ ਜੇਲ੍ਹ ਦਾ ਦੌਰਾ ਕੀਤਾ ਗਿਆ। ਇਸ ਦੌਰਾਨ ਡਾ. ਗਗਨਦੀਪ ਕੌਰ ਨੇ ਜੇਲ੍ਹ ਵਿੱਚ ਬੰਦ ਹਵਾਲਾਤੀਆਂ ਤੇ ਕੈਦੀਆਂ ਨਾਲ ਗੱਲਬਾਤ ਕੀਤੀ ਤੇ ਉਹਨਾਂ ਦੀਆਂ ਮੁਸ਼ਕਿਲਾਂ ਸੁਣੀਆਂ ਗਈਆਂ ਅਤੇ ਮੁਸ਼ਕਲਾਂ ਦਾ ਨਿਪਟਾਰਾ ਕੀਤਾ । ਉਨ੍ਹਾਂ ਦੱਸਿਆ ਕਿ 14 ਦਸੰਬਰ ਨੂੰ ਨੈਸ਼ਨਲ ਲੋਕ ਅਦਾਲਤ ਲਗਾਈ ਜਾ ਰਹੀ ਐ ਜੇਕਰ ਕੋਈ ਧਿਰ ਆਪਣਾ ਕੇਸ ਲੋਕ ਅਦਾਲਤ ਰਾਹੀਂ ਨਿਪਟਾਉਣਾ ਚਾਹੁੰਦੀ ਹੈ ਤਾਂ ਉਹ ਸਬੰਧਤ ਅਦਾਲਤ ਨੂੰ ਦਰਖਾਸਤ ਦੇ ਸਕਦੀ ਐ । ਇਸ ਮੌਕੇ ਚੀਫ ਡਿਫੈਂਸ ਕੌਂਸਲ ਗੁਰਪ੍ਰੀਤ ਸਿੰਘ ਚੌਹਾਨ , ਜੇਲ ਸੁਪਰਡੈਂਟ ਤੇ ਜੇਲ ਸਟਾਫ ਵੀ ਹਾਜ਼ਰ ਰਿਹਾ।

---

- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਜੰਗ ਅਤੇ ਸੁਰੱਖਿਆ ਖਤਰਿਆਂ ਦੀ ਮੌਜੂਦਾ ਸਥਿਤੀ ਨਾਲ ਨਜਿਠਣ ਲਈ ਅਨੁਕੂਲ ਰੱਖਿਆ ਰਣਨੀਤੀਆਂ ਦੀ ਅਹਿਮੀਅਤ 'ਤੇ ਦਿੱਤਾ ਜ਼ੋਰ ।
- ਸਿਖਿਆ ਮੰਤਰੀ ਧਰਮੇਦਰ ਪ੍ਰਧਾਨ ਨੇ ਕਿਹਾ ਏ ਕਿ 2047 ਤਕ ਵਿਕਸਿਤ ਰਾਸ਼ਟਰ ਬਣਨ ਦੇ ਸੁਪਨੇ ਨੂੰ ਹਕੀਕਤ 'ਚ ਬਦਲਣ ਲਈ ਸਿਖਿਆ ਹੀ ਇੱਕੋ ਇੱਕ ਰਾਹ ਏ.
- ਪੰਜਾਬ ਦੇ ਰਾਜਪਾਲ ਨੇ ਕਿਹਾ ਕਿ ਜਲਵਾਯੂ ਤਬਦੀਲੀ, ਭੋਜਨ ਸੁਰਖਿਆ ਅਤੇ ਖੇਤੀ-ਨਿਰੰਤਰਤਾ 21 ਸਦੀ ਦੀਆਂ ਗੰਭੀਰ ਚੁਣੌਤੀਆਂ ਨੇ.
- ਅੱਜ ਲੋਕ ਸੇਵਾ ਪ੍ਰਸਾਰਣ ਦਿਵਸ ਮਨਾਇਆ ਜਾ ਰਿਹਾ ਏ ।